ਡਾਇਰੈਕਟਰ ਜਨਰਲ ਸਕੂਲ ਐਜੂਕੇਸ਼ਨ-ਕਮ-ਸਟੇਟ ਪ੍ਰੋਜੈਕਟ ਡਾਇਰੈਕਟਰ
ਸਰਵ ਸਿੱਖਿਆ ਅਭਿਆਨ ਅਥਾਰਟੀ, ਪੰਜਾਬ,
ਪੰਜਵੀ ਮੰਜਿਲ, ਈ ਬਲਾਕ, ਸਿੱਖਿਆ ਭਵਨ, ਪੀ.ਐਸ.ਈ.ਬੀ. ਕੰਪਲੈਕਸ, ਫੇਜ਼-8, ਐਸ.ਏ.ਐਸ ਨਗਰ
ਫੋਨ ਨੰ:0172-5212364 Website: www.ssapunjab.org

ਵੱਲ,

ਸਮੂਹ ਮੰਡਲ ਸਿੱਖਿਆ ਅਫ਼ਸਰ, ਪੰਜਾਬ।
ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ. ਅਤੇ ਐ.ਸਿ.), ਪੰਜਾਬ।
ਸਮੂਹ ਜ਼ਿਲ੍ਹਾ ਸਾਇੰਸ ਸੁਪਰਵਾਈਜ਼ਰ, ਪੰਜਾਬ।
ਸਮੂਹ ਸਕੂਲ ਮੁੱਖੀ, ਪੰਜਾਬ।

ਮੀਮੋ ਨੰ : ਸਸਅ/ਐਮਸੀ/2016/13973
ਮਿਤੀ : 21-9-16

ਵਿਸ਼ਾ :- ਰਾਜ ਦੇ ਸਮੂਹ ਪ੍ਰਾਇਮਰੀ ਅਤੇ ਅੱਪਰ ਪ੍ਰਾਇਮਰੀ ਸਕੂਲਾਂ ਵਿੱਚ ਮਾਪੇ-ਅਧਿਆਪਕ ਮਿਲਣੀ ਸਬੰਧੀ।

1.0 ਉਪਰੋਕਤ ਵਿਸ਼ੇ ਸਬੰਧੀ ਲਿਖਿਆ ਜਾਂਦਾ ਹੈ ਕਿ ਪੰਜਾਬ ਰਾਜ ਦੇ ਸਰਕਾਰੀ ਸਕੂਲਾਂ ਵਿੱਚ ਮਿਤੀ 14.9.2016 ਤੋਂ 26.9.2016 ਤੱਕ ਬੱਚਿਆਂ ਦੀ ਪੜ੍ਹਾਈ ਦਾ ਲਿਖਤੀ ਮੁਲਾਂਕਣ (SA-I) ਕੀਤਾ ਜਾ ਰਿਹਾ ਹੈ। ਇਸ ਮੁਲਾਂਕਣ ਵਿੱਚ ਵਿਦਿਆਰਥੀਆਂ ਦੀ ਕਾਰਗੁਜ਼ਾਰੀ, ਉਹਨਾਂ ਦੀ ਕਿਸੇ ਵਿਸ਼ੇ ਵਿੱਚ ਕਮਜ਼ੋਰੀ, ਉਹਨਾਂ ਦੀ ਹਾਜ਼ਰੀ, ਮਾਪਿਆਂ ਨੂੰ ਸਮੂਹ ਸਕੂਲਾਂ ਵਿੱਚ ਚੱਲ ਰਹੀਆਂ ਗਤੀਵਿਧੀਆਂ ਤੋਂ ਜਾਣੂ ਕਰਵਾਉਣ ਹਿੱਤ ਮਿਤੀ 30.9.2016 ਨੂੰ ਪੰਜਾਬ ਦੇ ਸਮੂਹ ਸਰਕਾਰੀ ਸਕੂਲਾਂ ਵਿੱਚ ਅਧਿਆਪਕ-ਮਾਪੇ ਮਿਲਣੀ ਰੱਖੀ ਗਈ ਹੈ। ਇਸ ਮਿਲਣੀ ਦੌਰਾਨ ਸਕੂਲ ਪ੍ਰਬੰਧਕ ਕਮੇਟੀਆਂ ਦੇ ਸਮੂਹ ਮੈਂਬਰ ਵੀ ਸਕੂਲਾਂ ਵਿੱਚ ਹਾਜ਼ਰ ਹੋਣਗੇ। ਸਕੂਲਾਂ ਦੀਆਂ ਪ੍ਰਬੰਧਕ ਕਮੇਟੀਆਂ ਦੇ ਮੈਂਬਰ ਅਤੇ ਸਕੂਲ ਮੁੱਖੀ, ਆਪਣੇ-ਆਪਣੇ ਸਕੂਲਾਂ ਦੀ ਕਾਰਗੁਜ਼ਾਰੀ ਹੋਰ ਬਿਹਤਰ ਬਣਾਉਣ ਲਈ ਵਿਚਾਰ ਵਟਾਂਦਰਾ ਕਰਨਗੇ।

2.0 ਇਹ ਮਿਲਣੀ ਸਵੇਰੇ 9:00 ਵਜੇ ਤੋਂ 1:00 ਵਜੇ ਤੱਕ ਹੋਵੇਗੀ। ਇਸ ਮੀਟਿੰਗ ਨੂੰ ਸੁਚਾਰੂ ਢੰਗ ਨਾਲ ਸਿਰੇ ਚਾੜ੍ਹਨ ਲਈ ਮਾਪੇ-ਅਧਿਆਪਕ ਮਿਲਣੀ ਲਈ ਆ ਰਹੇ ਹਰ ਮਾਪੇ ਨੂੰ ਅਧਿਆਪਕ ਦੁਆਰਾ ਵਿਦਿਆਰਥੀ ਦੀ ਕਾਰਗੁਜ਼ਾਰੀ ਦੱਸਣ ਦਾ ਉਚਿਤ ਸਮਾਂ ਮਿਲ ਸਕੇ ਨੂੰ ਧਿਆਨ ਵਿੱਚ ਰੱਖਦਿਆਂ ਹੋਇਆਂ ਸਕੂਲ ਮੁੱਖੀ ਆਪਣੇ ਸਕੂਲ ਵਿੱਚ ਪੜ੍ਹਦੇ ਜਮਾਤ ਵਾਈਜ਼ ਵਿਦਿਆਰਥੀਆਂ ਦੀ ਗਿਣਤੀ ਨੂੰ ਮੱਦੇਨਜ਼ਰ ਰੱਖਦੇ ਹੋਏ ਬੱਚਿਆਂ ਨੂੰ ਆਪਣੇ ਮਾਪਿਆਂ ਸਮੇਤ ਸਕੂਲ ਵਿੱਚ ਆਉਣ ਲਈ ਉਸ ਦਿਨ ਵੱਖ-ਵੱਖ ਸਮਾਂ ਨਿਰਧਾਰਿਤ ਕਰਨ।

3.0 ਇਸ ਮਿਲਣੀ ਬਾਰੇ ਪੂਰਨ ਰੂਪ ਵਿੱਚ ਮਾਪਿਆਂ ਤੱਕ ਸੂਚਨਾਂ ਪਹੁੰਚਾਉਣ ਲਈ ਸਕੂਲ ਮੁੱਖੀ ਪਿੰਡ ਦੇ ਗੁਰੂਦੁਆਰੇ ਤੋਂ ਲਾਊਡ ਸਪੀਕਰ ਰਾਹੀਂ ਵੀ ਸੂਚਿਤ ਕਰ ਸਕਦਾ ਹੈ।

4.0 ਮਿਤੀ 30.9.2016 ਨੂੰ ਰਾਜ ਦੇ ਸਮੂਹ ਮੰਡਲ ਸਿੱਖਿਆ ਅਫ਼ਸਰ, ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.), (ਐ.ਸਿ.) ਅਤੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.), (ਐ.ਸਿ.) ਪ੍ਰਿੰਸੀਪਲ, ਸਰਕਾਰੀ ਇੰਨਸਰਵਿਸ ਟ੍ਰੇਨਿੰਗ ਸੈਂਟਰ, ਪ੍ਰਿੰਸੀਪਲ, ਜ਼ਿਲ੍ਹਾ ਸਿਖਲਾਈ ਅਤੇ ਟ੍ਰੇਨਿੰਗ ਸੰਸਥਾਂ ਅਤੇ ਬਲਾਕ ਸਿੱਖਿਆ ਅਧਿਕਾਰੀ ਆਪਣੇ - ਆਪਣੇ ਅਧੀਨ ਪੈਂਦੇ ਸਕੂਲਾਂ ਵਿੱਚ ਜਾਣਗੇ ਅਤੇ ਯਕੀਨੀ ਬਣਾਉਣਗੇ ਕਿ ਮਾਪੇ-ਅਧਿਆਪਕ ਮਿਲਣੀ ਠੀਕ-ਠਾਕ ਚੱਲ ਰਹੀ ਹੈ ।

5.0 ਇਸ ਦਿਨ ਮੁੱਖ ਦਫ਼ਤਰ ਦੋਂ ਡੀ.ਪੀ.ਆਈ. (ਸੈ.ਸਿ.), ਡੀ.ਪੀ.ਆਈ. (ਐ.ਸਿ.) ਅਤੇ ਉਹਨਾਂ ਦੇ ਦਫ਼ਤਰ ਦੇ ਸਮੂਹ ਅਧਿਕਾਰੀ ਅਤੇ ਡੀ.ਜੀ.ਐਸ.ਈ. ਦਫ਼ਤਰ ਦੇ ਸਮੂਹ ਅਧਿਕਾਰੀ ਸਕੂਲਾਂ ਦੀ ਵਿਜ਼ਿਟ ਕਰਨਗੇ ਅਤੇ ਦੇਖਣਗੇ ਕਿ ਮਾਪੇ-ਅਧਿਆਪਕ ਮਿਲਣੀ ਦਾ ਕੰਮ ਠੀਕ-ਠਾਕ ਚੱਲ ਰਿਹਾ ਹੈ।

6.0 ਉਪਰੋਕਤ ਹੁਕਮਾਂ ਦੀ ਇੰਨ-ਬਿੰਨ ਪਾਲਣਾ ਕੀਤੀ ਜਾਵੇ।

ਡਾਇਰੈਕਟਰ ਜਨਰਲ ਸਕੂਲ ਸਿੱਖਿਆ
ਪੰਜਾਬ

ਪਿੱਠ ਅੰਕਣ ਨੰ: ਸਸਅ/ਐਮਸੀ/2016/13973
ਮਿਤੀ: 21-9-16

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਭੇਜਿਆ ਜਾਂਦਾ ਹੈ।

ਡੀ.ਪੀ.ਆਈ. (ਸੈ.ਸਿ.) ਅਤੇ ਡੀ.ਪੀ.ਆਈ. (ਐ.ਸਿ.) ਨੂੰ ਇਸ ਬੇਨਤੀ ਨਾਲ ਕਿ ਇਹਨਾਂ ਮੀਟਿੰਗਾਂ ਵਾਲੇ ਦਿਨ ਸਕੂਲਾਂ ਦਾ ਦੌਰਾ ਕੀਤਾ ਜਾਵੇ ਅਤੇ ਆਪਣੇ ਅਧੀਨ ਅਧਿਕਾਰੀਆਂ ਦੀਆਂ ਵੱਖ-ਵੱਖ ਖੇਤਰਾਂ ਵਿੱਚ ਦੌਰੇ ਕਰਨ ਦੀ ਡਿਊਟੀ ਲਗਾਈ ਜਾਵੇ।

ਡਾਇਰੈਕਟਰ ਜਨਰਲ ਸਕੂਲ ਸਿੱਖਿਆ
ਪੰਜਾਬ